# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 05-05-2025**

- ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਮੱਦੇਨਜ਼ਰ, ਭਾਰਤ ਨੇ ਚਨਾਬ ਨਦੀ 'ਤੇ ਬਗਲੀਹਾਰ ਡੈਮ ਰਾਹੀਂ ਪਾਕਿਸਤਾਨ ਲਈ ਪਾਣੀ ਦੇ ਪ੍ਰਵਾਹ ਨੂੰ ਰੋਕਿਆ।
- ਸਰਵਉੱਚ ਅਦਾਲਤ ਨੇ, ਵਕਫ਼ (ਸੋਧ) ਐਕਟ 2025 ਦੀ ਸੰਵਿਧਾਨਕ ਵੈਧਤਾ ਨਾਲ ਸਬੰਧਤ ਮਾਮਲੇ ਨੂੰ, ਇਸ ਮਹੀਨੇ ਦੀ 15 ਤਰੀਕ ਨੂੰ ਅਗਲੀ ਸੁਣਵਾਈ ਲਈ ਸੂਚੀਬੱਧ ਕੀਤਾ ।
- ਅੱਜ ਪੰਜਾਬ ਵਿਧਾਨ ਸਭਾ ਦਾ ਇੱਕ ਵਿਸ਼ੇਸ਼ ਇਜਲਾਸ ਬੁਲਾਇਆ ਗਿਆ -ਪੰਜਾਬ ਸਰਕਾਰ ਨੇ , ਹਰਿਆਣਾ ਨੂੰ ਉਸਦੇ ਹਿੱਸੇ ਤੋਂ ਇੱਕ ਵੀ ਬੂੰਦ ਵੱਧ ਪਾਣੀ ਨਾ ਦੇਣ ਦਾ ਕੀਤਾ ਫੈਸਲਾ ।
- ਪੰਜਾਬ ਚੋਣ ਕਮਿਸ਼ਨ ਵਲੋਂ ਜ਼ਿਮਨੀ ਚੋਣਾਂ ਤੋਂ ਪਹਿਲਾਂ ਲੁਧਿਆਣਾ ਪੱਛਮੀ ਲਈ ਅੰਤਿਮ ਵੋਟਰ ਸੂਚੀ ਪ੍ਰਕਾਸ਼ਿਤ ।

- ਮੌਸਮ ਵਿਭਾਗ ਵਲੋਂ ਅਗਲੇ ਦੋ ਤੋਂ ਤਿੰਨ ਦਿਨਾਂ ਲਈ, ਪੰਜਾਬ ਸਮੇਤ ਉੱਤਰ-ਪੱਛਮੀ ਭਾਰਤ ਵਿੱਚ ਗਰਜ ਨਾਲ ਮੀਂਹ ਅਤੇ ਤੇਜ਼ ਹਵਾਵਾਂ ਬਾਰੇ ਓਰੇਂਜ ਅਲਰਟ ਜਾਰੀ।
- IPL ਕ੍ਰਿਕਟ ਵਿੱਚ, ਅੱਜ ਸਨਰਾਈਜ਼ਰਜ਼ ਹੈਦਰਾਬਾਦ ਦਾ ਸਾਹਮਣਾ ਦਿੱਲੀ ਕੈਪੀਟਲਜ਼ ਨਾਲ ਹੋਵੇਗਾ।

---------------------------------------------------------------

ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਮੱਦੇਨਜ਼ਰ ਵਿੱਚ ਇੱਕ ਹੋਰ ਸਖ਼ਤ ਕਦਮ ਚੁੱਕਦੇ ਹੋਏ, ਭਾਰਤ ਨੇ ਚਨਾਬ ਨਦੀ ਦੇ ਬਗਲੀ-ਹਾਰ ਡੈਮ ਤੋਂ ਪਾਕਿਸਤਾਨ ਜਾਣ ਵਾਲੇ ਪਾਣੀ ਦੇ ਵਹਾਅ ਨੂੰ ਰੋਕ ਦਿੱਤਾ ਏ। ਸਾਡੇ ਪੱਤਰਕਾਰ ਨੇ ਦਸਿਆ ਏ ਕਿ ਸਿੰਧੂ ਨਦੀ ਦੇ ਪਾਣੀ ਦੇ ਵਹਾਅ ਨੂੰ ਰੋਕਣ ਦੇ ਫੈਸਲੇ ਤੋਂ ਬਾਅਦ ਭਾਰਤ ਨੇ ਬਗਲੀ-ਹਾਰ ਡੈਮ ਤੋਂ ਪਾਕਿਸਤਾਨ ਜਾਣ ਵਾਲੇ ਪਾਣੀ ਦੇ ਵਹਾਅ ਨੂੰ ਰੋਕ ਦਿੱਤਾ ਏ। ਭਾਰਤ ਹੁਣ ਜੇਹਲਮ ਨਦੀ 'ਤੇ ਕਿਸ਼ਨ-ਗੰਗਾ ਡੈਮ 'ਤੇ ਵੀ ਇਸੇ ਤਰ੍ਹਾਂ ਦੀ ਕਾਰਵਾਈ ਕਰਨ ਦੀ ਯੋਜਨਾ ਬਣਾ ਰਿਹਾ ਏ। ਉੱਤਰੀ ਕਸ਼ਮੀਰ ਵਿੱਚ ਕਿਸ਼ਨ-ਗੰਗਾ ਡੈਮ ਅਤੇ ਜੰਮੂ ਡਿਵੀਜ਼ਨ ਦੇ ਰਾਮਬਨ ਜ਼ਿਲ੍ਹੇ ਵਿੱਚ ਬਗਲੀਹਾਰ ਪਣ-ਬਿਜਲੀ ਡੈਮ ਭਾਰਤ ਨੂੰ ਪਾਣੀ ਦੇ ਪ੍ਰਵਾਹ ਦੇ ਸਮੇਂ ਨੂੰ

ਨਿਯੰਤਰਿਤ ਕਰਨ ਦੀ ਸਮਰੱਥਾ ਪ੍ਰਦਾਨ ਕਰਦੇ ਨੇ । ਪਹਿਲਗਾਮ ਦੀ ਬੈਸਰਨ ਘਾਟੀ ਵਿੱਚ 22 ਅਪ੍ਰੈਲ ਨੂੰ ਹੋਏ ਦਹਿਸ਼ਤਗਰਦੀ ਹਮਲੇ, ਜਿਸ ਵਿੱਚ 26 ਸੈਲਾਨੀਆਂ ਅਤੇ ਆਮ ਨਾਗਰਿਕਾਂ ਦੀ ਮੌਤ ਹੋ ਗਈ ਸੀ, ਤੋਂ ਬਾਅਦ ਭਾਰਤ ਨੇ ਦਹਾਕਿਆਂ ਪੁਰਾਣੀ ਸਿੰਧੂ ਜਲ ਸੰਧੀ ਨੂੰ ਰੱਦ ਕਰਨ ਦਾ ਫੈਸਲਾ ਕੀਤਾ ਏ ।

---------------------------------------------------------------

ਰੱਖਿਆ ਸਕੱਤਰ ਰਾਜੇਸ਼ ਕੁਮਾਰ ਸਿੰਘ ਨੇ ਅੱਜ ਨਵੀਂ ਦਿੱਲੀ ਵਿਖੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਾਲ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਮੁਲਾਕਾਤ ਕੀਤੀ । ਕੱਲ੍ਹ, ਹਵਾਈ ਸੈਨਾ ਦੇ ਮੁਖੀ ਏਅਰ ਚੀਫ ਮਾਰਸ਼ਲ ਅਮਰ ਪ੍ਰੀਤ ਸਿੰਘ ਨੇ ਸ਼੍ਰੀ ਮੋਦੀ ਨਾਲ ਮੁਲਾਕਾਤ ਕੀਤੀ ਸੀ। ਪ੍ਰਧਾਨ ਮੰਤਰੀ ਅਤੇ ਜਲ ਸੈਨਾ ਮੁਖੀ ਐਡਮਿਰਲ ਦਿਨੇਸ਼ ਕੇ. ਤ੍ਰਿਪਾਠੀ ਅਤੇ ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਵਿਚਕਾਰ ਵੱਖ-ਵੱਖ ਮੀਟਿੰਗਾਂ ਵੀ ਹੋਈਆਂ। ਇਹ ਮੀਟਿੰਗਾਂ ਪਹਿਲਗਾਮ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਹੋਈਆਂ ਨੇ ।

---

ਸਰਵਉੱਚ ਅਦਾਲਤ ਨੇ ਵਕਫ਼ (ਸੋਧ) ਐਕਟ 2025 ਦੀ ਸੰਵਿਧਾਨਕ ਵੈਧਤਾ ਨਾਲ ਸਬੰਧਤ ਮਾਮਲੇ ਨੂੰ ਇਸ ਮਹੀਨੇ ਦੀ 15 ਤਰੀਕ ਨੂੰ ਅਗਲੀ ਸੁਣਵਾਈ ਲਈ ਸੂਚੀਬੱਧ ਕੀਤਾ ਏ। ਚੀਫ਼ ਜਸਟਿਸ ਸੰਜੀਵ ਖੰਨਾ, ਜਸਟਿਸ ਸੰਜੇ ਕੁਮਾਰ ਅਤੇ ਜਸਟਿਸ ਕੇਵੀ ਵਿਸ਼ਵਨਾਥਨ ਦਾ ਬੈਂਚ ਐਕਟ ਦੀ ਸੰਵਿਧਾਨਕ ਵੈਧਤਾ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ 'ਤੇ ਸੁਣਵਾਈ ਕਰ ਰਿਹਾ ਸੀ। ਇਸ ਸੁਣਵਾਈ ਦੌਰਾਨ, ਚੀਫ਼ ਜਸਟਿਸ ਨੇ ਕਿਹਾ ਕਿ ਉਨ੍ਹਾਂ ਨੇ ਜਵਾਬੀ ਹਲਫ਼ਨਾਮੇ ਦਾ ਬਹੁਤ ਡੂੰਘਾਈ ਨਾਲ ਅਧਿਐਨ ਨਹੀਂ ਕੀਤਾ ਏ। ਜਸਟਿਸ ਖੰਨਾ ਨੇ ਕਿਹਾ ਕਿ ਉਹ ਇਸ ਮਾਮਲੇ ਨੂੰ ਅਗਲੇ ਚੀਫ਼ ਜਸਟਿਸ, ਜਸਟਿਸ ਭੂਸ਼ਣ ਰਾਮਕ੍ਰਿਸ਼ਨ ਗਵਈ ਦੀ ਅਗਵਾਈ ਵਾਲੇ ਬੈਂਚ ਅੱਗੇ ਪੇਸ਼ ਕਰਨਗੇ। ਉਨ੍ਹਾਂ ਕਿਹਾ ਕਿ ਉਹ ਜਸਟਿਸ ਗਵਈ ਨੂੰ ਮੁੱਦਿਆਂ ਦਾ ਅਧਿਐਨ ਕਰਨ ਲਈ ਕੁਝ ਸਮਾਂ ਦੇਣਗੇ। ਜਸਟਿਸ ਗਵਈ ਇਸ ਮਹੀਨੇ ਦੀ 14 ਤਰੀਕ ਤੋਂ ਭਾਰਤ ਦੇ ਅਗਲੇ ਚੀਫ਼ ਜਸਟਿਸ ਵਜੋਂ ਅਹੁਦਾ ਸੰਭਾਲਣਗੇ।

-----------------------------------------------------------------

ਪੰਜਾਬ ਸਰਕਾਰ ਨੇ, ਹਰਿਆਣਾ ਨੂੰ ਉਸਦੇ ਹਿੱਸੇ ਤੋਂ ਇੱਕ ਵੀ ਬੂੰਦ ਵੱਧ ਪਾਣੀ ਨਾ ਦੇਣ ਦਾ ਫੈਸਲਾ ਕੀਤਾ ਏ। ਹਾਲਾਂਕਿ, ਪੰਜਾਬ ਵੱਲੋਂ ਮਾਨਵਤਾਵਾਦੀ ਤੌਰ ਦੇ ਆਧਾਰ 'ਤੇ, ਹਰਿਆਣਾ ਨੂੰ ਦਿੱਤਾ ਜਾਣ ਵਾਲਾ 4 ਹਜ਼ਾਰ  ਕਿਊਸਿਕ ਪਾਣੀ ਅਜੇ ਵੀ ਜਾਰੀ ਰੱਖਿਆ ਜਾਵੇਗਾ । ਇਹ ਫੈਸਲਾ ਅੱਜ ਵਿਧਾਨ ਸਭਾ ਦੇ ਇੱਕ ਵਿਸ਼ੇਸ਼ ਇਜਲਾਸ ਵਿੱਚ ਸਰਬਸੰਮਤੀ ਨਾਲ ਲਿਆ ਗਿਆ, ਜੋ ਕੁਝ ਦਿਨਾਂ ਤੋਂ ਚੱਲ ਰਹੇ ਪਾਣੀ ਦੇ ਮੁੱਦੇ 'ਤੇ ਸੀ । ਇਸ ਤੋਂ ਪਹਿਲਾਂ, ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਵਿਸ਼ੇਸ਼ ਇਜਲਾਸ ਦੌਰਾਨ ਮਤਾ ਪੇਸ਼ ਕੀਤਾ ਅਤੇ ਇਸਨੂੰ ਸਦਨ ਵਿੱਚ ਚਰਚਾ ਲਈ ਲਿਆਂਦਾ ਗਿਆ। ਸੂਬਾ ਵਿਧਾਨ ਸਭਾ ਨੇ ਭਾਖੜਾ ਬਿਆਸ ਪ੍ਰਬੰਧਨ ਬੋਰਡ BBMB ਦੇ ਪੁਨਰਗਠਨ ਦੀ ਵੀ ਮੰਗ ਕੀਤੀ ਅਤੇ ਬੋਰਡ ਨੂੰ ਮੀਟਿੰਗ ਬੁਲਾਉਣ ਲਈ ਨਿਰਧਾਰਤ ਨਿਯਮਾਂ ਦੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ। ਪੰਜਾਬ ਤੋਂ ਵਗਦੇ ਰਾਵੀ, ਸਤਲੁਜ, ਬਿਆਸ ਦਰਿਆਵਾਂ ਦੇ ਪਾਣੀਆਂ ਦੀ ਵੰਡ 'ਤੇ ਇੱਕ ਨਵਾਂ ਸਮਝੌਤਾ ਕਰਨ ਦਾ ਵੀ ਫੈਸਲਾ ਕੀਤਾ ਗਿਆ ਅਤੇ ਡੈਮ

ਸੁਰੱਖਿਆ ਕਾਨੂੰਨ-2021 ਨੂੰ ਰੱਦ ਕਰਨ ਦੀ ਵੀ ਮੰਗ ਕੀਤੀ ਗਈ, ਕਿਉਂਕਿ ਪੰਜਾਬ ਸਰਕਾਰ ਨੇ ਇਸਨੂੰ ਮਨਜ਼ੂਰੀ ਦੇਣ ਤੋਂ ਇਨਕਾਰ ਕਰ ਦਿੱਤਾ ਸੀ । ਇਸ ਤੋਂ ਪਹਿਲਾਂ, ਵਿਧਾਨ ਸਭਾ ਨੇ ਹਾਲ ਹੀ 'ਚ ਪਹਿਲਗਾਮ ਦਹਿਸ਼ਤਗਰਦੀ ਹਮਲੇ ਵਿੱਚ ਮਾਰੇ ਗਏ ਲੋਕਾਂ ਨੂੰ ਯਾਦ ਕਰਦਿਆਂ ਇੱਕ ਸ਼ੋਕ ਮਤਾ ਪਾਸ ਕੀਤਾ ਅਤੇ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਦੋਸ਼ੀਆਂ ਖਿਲਾਫ ਢੁਕਵੀਂ ਕਾਰਵਾਈ ਦੀ ਉਮੀਦ ਕੀਤੀ।

---------------------------------------------------------------

ਓਧਰ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਅੱਜ ਸੂਬੇ ਦੇ ਜਲ ਸਰੋਤਾਂ ਦੀ ਰਾਖੀ ਲਈ ਪੰਜਾਬ ਸਰਕਾਰ ਦੇ ਮਹੱਤਵਪੂਰਨ ਮਿਸ਼ਨ ਨੂੰ ਅਟੁੱਟ ਸਮਰਥਨ ਦੇਣ ਦਾ ਵਾਅਦਾ ਕੀਤਾ। ਪਾਣੀ ਨੂੰ "ਪੰਜਾਬ ਦੀ ਆਤਮਾ" ਐਲਾਨਦਿਆਂ ਸ੍ਰੀ ਬਾਜਵਾ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਕੋਈ ਰਾਜਨੀਤਿਕ ਮੁੱਦਾ ਨਹੀਂ ਏ , ਸਗੋਂ ਸੂਬੇ ਦੇ ਲੋਕਾਂ, ਖੇਤੀਬਾੜੀ ਅਤੇ ਭਵਿੱਖ ਦੇ ਬਚਾਅ ਦਾ ਮਾਮਲਾ ਏ । ਉਨ੍ਹਾਂ ਨੇ ਪੰਜਾਬ ਦੀ ਜੀਵਨ ਰੇਖਾ ਪਾਣੀ ਦੀ ਰੱਖਿਆ ਲਈ ਸਾਰੀਆਂ ਪਾਰਟੀਆਂ ਦੇ ਸਾਂਝੇ ਮੋਰਚੇ ਦਾ ਸੱਦਾ ਦਿੱਤਾ।

-----------------------------------------------------------

ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਵਿੱਚ ਹੋਣ ਵਾਲੀ ਜ਼ਿਮਨੀ ਚੋਣ ਦੇ ਮੱਦੇਨਜ਼ਰ, ਚੋਣ ਕਮਿਸ਼ਨ ਵਲੋਂ ਐਲਾਨੇ ਗਏ ਪ੍ਰੋਗਰਾਮ ਮੁਤਾਬਿਕ ਅੰਤਿਮ ਵੋਟਰ ਸੂਚੀ ਪ੍ਰਕਾਸ਼ਿਤ ਕੀਤੀ ਗਈ ਏ । ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੁਧਿਆਣਾ ਦੇ ਜ਼ਿਲ੍ਹਾ ਚੋਣ ਅਧਿਕਾਰੀ ਹਿਮਾਂਸ਼ੂ ਜੈਨ ਦੁਆਰਾ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅੰਤਿਮ ਵੋਟਰ ਸੂਚੀ ਦੀਆਂ ਕਾਪੀਆਂ ਸੌਂਪ ਦਿੱਤੀਆਂ ਗਈਆਂ । ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਸੋਧੀ ਗਈ ਸੂਚੀ ਦੇ ਅਨੁਸਾਰ ਲੁਧਿਆਣਾ ਪੱਛਮੀ ਹਲਕੇ ਵਿੱਚ ਵੋਟਰਾਂ ਦੀ ਕੁੱਲ ਗਿਣਤੀ ਇਕ ਲੱਖ 74 ਹਜ਼ਾਰ 437 ਏ , ਜਿਸ ਵਿੱਚ 89 ਹਜ਼ਾਰ 602 ਮਰਦ  ਵੋਟਰ, 84 ਹਜ਼ਾਰ 825 ਮਹਿਲਾ ਵੋਟਰ ਅਤੇ 10 ਟ੍ਰਾਂਸਜੈਂਡਰ ਵੋਟਰ ਸ਼ਾਮਲ ਨੇ । ਪੋਲਿੰਗ ਸਟੇਸ਼ਨਾਂ ਦੀ ਗਿਣਤੀ ਨੂੰ 192 ਤੱਕ ਤਰਕਸੰਗਤ ਬਣਾਇਆ ਗਿਆ ਏ  ਅਤੇ ਸਾਰੇ ਨਾਗਰਿਕਾਂ ਲਈ ਵਧੇਰੇ ਸੁਵਿਧਾਜਨਕ ਵੋਟਿੰਗ ਤਜਰਬੇ ਨੂੰ ਸਮਰੱਥ ਬਣਾਇਆ

ਗਿਆ ਏ । ਖਾਸ ਤੌਰ 'ਤੇ ਵੋਟਰ ਫੋਟੋ ਪਛਾਣ ਪੱਤਰ ਕਵਰੇਜ 100 ਫੀਸਦੀ ਕਰ ਦਿੱਤੀ ਗਈ ਏ । ਸਿਬਿਨ ਸੀ ਨੇ ਦੱਸਿਆ ਕਿ ਵੋਟਰ ਸੋਧ ਸੂਚੀ ਪ੍ਰਕਿਰਿਆ ਸਬੰਧਤ ਐਕਟਾਂ ਅਤੇ ਨਿਯਮਾਂ ਦੀ ਪਾਲਣਾ ਕਰਕੇ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਖਤੀ ਨਾਲ ਕੀਤੀ ਗਈ ਏ । ਦਾਅਵਿਆਂ ਅਤੇ ਇਤਰਾਜ਼ਾਂ ਦੀਆਂ ਸੂਚੀਆਂ ਪ੍ਰਦਾਨ ਕਰਨਾ, ਨਾਲ ਹੀ ਰਾਜਨੀਤਿਕ ਪਾਰਟੀਆਂ ਨਾਲ ਡਰਾਫਟ ਅਤੇ ਅੰਤਿਮ ਵੋਟਰ ਸੂਚੀਆਂ ਸਾਂਝੀਆਂ ਕਰਨਾ ਵਰਗੇ ਕਾਰਜਾਂ ਦੀ ਪਾਲਣਾ ਪੂਰੀ ਤਨਦੇਹੀ ਨਾਲ ਕੀਤੀ ਗਈ ਏ । ਮੁੱਖ ਚੋਣ ਅਧਿਕਾਰੀ ਨੇ ਵੋਟਰਾਂ ਦੁਆਰਾ ਈਆਰਓ ਦੇ ਆਦੇਸ਼ ਦੇ ਵਿਰੁੱਧ ਡੀ.ਈ.ਓ ਨੂੰ ਅਪੀਲ ਕਰਨ ਦੀ ਵਿਵਸਥਾ ਬਾਰੇ ਮੀਟਿੰਗ ਵਿੱਚ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸਾਰੀ ਜਾਣਕਾਰੀ ਵੀ ਦਿੱਤੀ।

-----------------------------------------------------

ਪੰਜਾਬ ਵਿਚ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਦਹਿਸ਼ਤਗਰਦੀ ਨੈੱਟਵਰਕਾਂ ਵਿਰੁੱਧ ਇੱਕ ਵੱਡੀ ਸਫਲਤਾ ਪ੍ਰਾਪਤ ਕਰਦਿਆਂ, ਇੰਗਲੈਂਡ - ਅਧਾਰਤ ਗੈਂਗਸਟਰ ਧਰਮਪ੍ਰੀਤ ਸਿੰਘ ਉਰਫ ਧਰਮਾ ਸੰਧੂ ਅਤੇ ਜੱਸਾ

ਪੱਟੀ ਵਾਸੀ ਤਰਨਤਾਰਨ ਨਾਲ ਸੰਬੰਧਤ ਤਿੰਨ ਸਾਥੀਆਂ ਨੂੰ ਗ੍ਰਿਫਤਾਰ ਕੀਤਾ ਏ। ਪੁਲਿਸ ਸੂਤਰਾਂ ਤੋਂ ਮਿਲੀ ਜਾਣਕਾਰੀ ਦੇ ਹਵਾਲੇ ਨਾਲ, ਸਾਰੇ ਅੰਮ੍ਰਿਤਸਰ ਵਾਲੇ ਪਤਰਕਾਰ ਨੇ ਦਸਿਆ ਏ ਕਿ ਗੜੇ ਗਏ ਮੁਲਜ਼ਮਾਂ ਦੀ ਪਛਾਣ ਵਿਜੇ ਮਸੀਹ, ਅਗਰੇਜ ਸਿੰਘ ਅਤੇ ਇਕਬਾਲ ਸਿੰਘ ਵਜੋਂ ਹੋਈ ਏ, ਇਹ ਤਿੰਨੋਂ ਤਰਨਤਾਰਨ ਦੇ ਰਹਿਣ ਵਾਲੇ ਨੇ । ਪੁਲਿਸ ਨੇ ਇਨਾ ਦੇ ਕਬਜ਼ੇ ਵਿਚੋਂ 6 ਪਿਸਤੌਲਾਂ, 40 ਅਣਚਲੇ ਕਾਰਤੂਸਾਂ, 4 ਮੋਬਾਈਲ ਫੋਨ ਅਤੇ ਇਕ  ਸਕੂਟਰ ਜ਼ਬਤ ਕੀਤਾ ਏ। ਮੁਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਹ ਤਿੰਨੋਂ, ਅੰਤਰ-ਰਾਸ਼ਟਰੀ ਅਪਰਾਧਿਕ ਸਿੰਡੀਕੇਟਾਂ ਨਾਲ ਸਰਗਰਮ ਸੰਪਰਕ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਗਤੀਵਿਧੀ ਵਿੱਚ ਸ਼ਾਮਲ ਨੇ । ਪੁਲਿਸ ਥਾਣਾ ਲੋਪੋਕੇ ਵਿਖੇ ਮਾਮਲਾ ਦਰਜ ਕੀਤਾ ਗਿਆ ਏ। ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਅਗਲੇਰੀ ਜਾਂਚ ਜਾਰੀ ਏ।

---------------------------------------------------------------

ਹੁਨਰ ਵਿਕਾਸ ਮੁਹਿੰਮ ਦੇ ਹਿੱਸੇ ਵਜੋਂ 3 ਪੰਜਾਬ ਗਰਲਜ਼ ਬਟਾਲੀਅਨ ਐਨ.ਸੀ.ਸੀ. ਲੁਧਿਆਣਾ ਦੀਆਂ 67 ਐਨ.ਸੀ.ਸੀ. ਗਰਲਜ਼ ਕੈਡਿਟਜ ਨੇ

ਡੇਅਰੀ ਪ੍ਰੋਸੈਸਿੰਗ ਅਤੇ ਉਦਯੋਗਿਕ ਕਾਰਜ਼ਾਂ ਬਾਰੇ ਵਿਹਾਰਕ ਗਿਆਨ ਵਧਾਉਣ ਦੇ ਮੰਤਵ ਨਾਲ ਲੁਧਿਆਣਾ ਸਥਿਤ ਵੇਰਕਾ ਮਿਲਕ ਪਲਾਂਟ ਦਾ ਦੌਰਾ ਕੀਤਾ । ਐਨ.ਸੀ.ਸੀ. ਗਰਲਜ਼ ਕੈਡਿਟਸ ਸੈਕਰਡ ਹਾਰਟ ਸੀਨੀਅਰ ਸੈਕੰਡਰੀ ਸਕੂਲ ਲੁਧਿਆਣਾ ਅਤੇ ਸ਼ਹੀਦ-ਏ-ਆਜ਼ਮ ਸੁਖਦੇਵ ਥਾਪਰ ਸਕੂਲ ਲੁਧਿਆਣਾ ਨਾਲ ਸਬੰਧਤ ਸਨ। ਵੇਰਕਾ ਵੱਲੋਂ ਡੇਅਰੀ ਉਦਯੋਗ ਵਿੱਚ ਪਲਾਂਟ ਦੇ ਕੰਮਕਾਜ ਅਤੇ ਕੁਸ਼ਲਤਾ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕੀਤੀ ਗਈ। ਐਨ.ਸੀ.ਸੀ. ਕੈਡਿਟਾਂ ਨੂੰ ਇਹ ਦੌਰਾ ਆਉਣ ਵਾਲੀਆਂ ਪੀੜ੍ਹੀਆਂ ਦੇ ਦ੍ਰਿਸ਼ਟੀਕੋਣ ਅਤੇ ਯੋਗਤਾ ਨੂੰ ਬਣਾਉਣ ਵਿੱਚ ਲਾਹੇਵੰਦ ਸਿੱਧ ਹੋਵੇਗਾ।

-----------------------------------------------------------

ਜ਼ਿਲ੍ਹਾ ਸੈਨਿਕ ਬੋਰਡ ਕਪੂਰਥਲਾ ਦੀ ਤਿਮਾਹੀ ਮੀਟਿੰਗ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਹੋਈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੇਵਾ ਕਰ ਰਹੇ ਸੈਨਿਕਾਂ/ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ

ਆਧਾਰ ‘ਤੇ ਹੱਲ ਕਰਨਾ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕਾਂ ਦੀ ਭਲਾਈ ਲਈ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਉਲੀਕੀਆਂ ਗਈਆਂ ਭਲਾਈ ਸਕੀਮਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਕੇ, ਉਨ੍ਹਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਇਆ ਜਾਵੇਗਾ।

-----------------------------------------------------------

ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਲਈ ਉੱਤਰ-ਪੱਛਮੀ ਭਾਰਤ ਵਿੱਚ ਗਰਜ ਨਾਲ ਮੀਹਂ ਅਤੇ ਤੇਜ਼ ਹਵਾਵਾਂ ਲਈ ਓਰੇਂਜ ਅਲਰਟ ਜਾਰੀ ਕੀਤਾ ਏ । ਆਕਾਸ਼ਵਾਣੀ ਸਮਾਚਾਰ ਨਾਲ ਗੱਲ ਕਰਦੇ ਹੋਏ, ਮੌਸਮ ਵਿਭਾਗ ਦੇ ਸੀਨੀਅਰ ਵਿਗਿਆਨੀ, ਆਰ.ਕੇ. ਜੇਨਾਮਣੀ ਨੇ ਪੰਜਾਬ ਸਮੇਤ ਹੋਰਨਾਂ ਇਲਾਕਿਆਂ ਵਿਚ ਮੌਸਮ ਦੀ ਸਥਿਤੀ ਬਾਰੇ ਕਿਹਾ । **BYTE:** ਮੌਸਮ ਵਿਭਾਗ ਨੇ ਅਗਲੇ ਤਿੰਨ ਦਿਨਾਂ ਦੌਰਾਨ ਉੱਤਰਾਖੰਡ ਵਿੱਚ ਗਰਜ ਨਾਲ ਮੀਂਹ ਪੈਣ ਤੇ ਗੜੇਮਾਰੀ ਦੀ ਚੇਤਾਵਨੀ ਜਾਰੀ ਕੀਤੀ ਏ । ਅਧਿਕਾਰੀਆਂ ਨੇ ਲੋਕਾਂ ਨੂੰ ਗੈਰ-ਜ਼ਰੂਰੀ ਯਾਤਰਾ ਤੋਂ ਬਚਣ ਅਤੇ ਸੁਰੱਖਿਆ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਏ ।

-----------------------------------------------------

IPL ਕ੍ਰਿਕਟ ਵਿੱਚ, ਮੇਜ਼ਬਾਨ ਸਨਰਾਈਜ਼ਰਜ਼ ਹੈਦਰਾਬਾਦ ਦਾ ਸਾਹਮਣਾ ਦਿੱਲੀ ਕੈਪੀਟਲਜ਼ ਨਾਲ ਹੋਵੇਗਾ। ਇਹ ਮੈਚ ਹੈਦਰਾਬਾਦ ਵਿੱਚ ਸ਼ਾਮ 7.30 ਵਜੇ ਸ਼ੁਰੂ ਹੋਵੇਗਾ।

-----------------------------------------------------

ਖੇਲੋ ਇੰਡੀਆ ਯੁਵਾ ਖੇਡਾਂ ਦੇ ਦੂਜੇ ਦਿਨ, ਅੱਜ ਕਬੱਡੀ, ਤੀਰਅੰਦਾਜ਼ੀ ਅਤੇ ਗੱਤਕੇ ਨਾਲ ਸਬੰਧਤ ਕਈ ਮੁਕਾਬਲੇ ਕਰਵਾਏ ਗਏ। ਕੁੜੀਆਂ ਦੇ ਵਰਗ ਦੇ ਫੁੱਟਬਾਲ ਵਿੱਚ, ਤਾਮਿਲਨਾਡੂ ਨੇ ਬਿਹਾਰ ਨੂੰ 2-1 ਨਾਲ ਹਰਾਇਆ। ਇਹ ਮੈਚ ਬੇਗੂ-ਸਰਾਏ ਦੇ ਰਿਫਾਇਨਰੀ ਗਰਾਊਂਡ ਵਿੱਚ ਖੇਡਿਆ ਗਿਆ। ਗੱਤਕੇ ਦੇ ਟੀਮ ਈਵੈਂਟ ਮੁਕਾਬਲਿਆਂ ਵਿੱਚ, ਬਿਹਾਰ ਨੇ ਗੋਆ ਨੂੰ ਕੁੜੀਆਂ ਦੇ ਵਰਗ ਵਿੱਚ ਹਰਾਇਆ। ਇਸੇ ਤਰ੍ਹਾਂ ਕੁੜੀਆਂ ਦੇ ਵਰਗ ਵਿੱਚ, ਅਸਾਮ ਨੇ ਤੇਲੰਗਾਨਾ ਨੂੰ ਹਰਾਇਆ। ਗੱਤਕੇ ਦੇ ਗਰੁੱਪ ਈਵੈਂਟ ਵਿੱਚ ਪੰਜਾਬ, ਝਾਰਖੰਡ ਅਤੇ ਤਾਮਿਲਨਾਡੂ ਵੀ ਜੇਤੂ ਰਹੇ। ਕੁੜੀਆਂ ਦੇ ਗੱਤਕੇ ਮੁਕਾਬਲਿਆਂ ਵਿੱਚ

ਚੰਡੀਗੜ੍ਹ, ਮੱਧ ਪ੍ਰਦੇਸ਼ ਅਤੇ ਮਹਾਰਾਸ਼ਟਰ ਨੇ ਆਪਣੇ-ਆਪਣੇ ਵਿਰੋਧੀਆਂ ਨੂੰ ਹਰਾ ਕੇ ਜਿੱਤਾਂ ਪ੍ਰਾਪਤ ਕੀਤੀਆਂ।

---------------------------------------------------------

- ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਮੱਦੇਨਜ਼ਰ, ਭਾਰਤ ਨੇ ਚਨਾਬ ਨਦੀ 'ਤੇ ਬਗਲੀਹਾਰ ਡੈਮ ਰਾਹੀਂ ਪਾਕਿਸਤਾਨ ਲਈ ਪਾਣੀ ਦੇ ਪ੍ਰਵਾਹ ਨੂੰ ਰੋਕਿਆ।
- ਸਰਵਉੱਚ ਅਦਾਲਤ ਨੇ, ਵਕਫ਼ (ਸੋਧ) ਐਕਟ 2025 ਦੀ ਸੰਵਿਧਾਨਕ ਵੈਧਤਾ ਨਾਲ ਸਬੰਧਤ ਮਾਮਲੇ ਨੂੰ, ਇਸ ਮਹੀਨੇ ਦੀ 15 ਤਰੀਕ ਨੂੰ ਅਗਲੀ ਸੁਣਵਾਈ ਲਈ ਸੂਚੀਬੱਧ ਕੀਤਾ ।
- ਅੱਜ ਪੰਜਾਬ ਵਿਧਾਨ ਸਭਾ ਦਾ ਇੱਕ ਵਿਸ਼ੇਸ਼ ਇਜਲਾਸ ਬੁਲਾਇਆ ਗਿਆ -ਪੰਜਾਬ ਸਰਕਾਰ ਨੇ , ਹਰਿਆਣਾ ਨੂੰ ਉਸਦੇ ਹਿੱਸੇ ਤੋਂ ਇੱਕ ਵੀ ਬੂੰਦ ਵੱਧ ਪਾਣੀ ਨਾ ਦੇਣ ਦਾ ਕੀਤਾ ਫੈਸਲਾ ।
- ਪੰਜਾਬ ਚੋਣ ਕਮਿਸ਼ਨ ਵਲੋਂ ਜ਼ਿਮਨੀ ਚੋਣਾਂ ਤੋਂ ਪਹਿਲਾਂ ਲੁਧਿਆਣਾ ਪੱਛਮੀ ਲਈ ਅੰਤਿਮ ਵੋਟਰ ਸੂਚੀ ਪ੍ਰਕਾਸ਼ਿਤ ।
- ਮੌਸਮ ਵਿਭਾਗ ਵਲੋਂ ਅਗਲੇ ਦੋ ਤੋਂ ਤਿੰਨ ਦਿਨਾਂ ਲਈ, ਪੰਜਾਬ ਸਮੇਤ ਉੱਤਰ-ਪੱਛਮੀ ਭਾਰਤ ਵਿੱਚ ਗਰਜ ਨਾਲ ਮੀਂਹ ਅਤੇ ਤੇਜ਼ ਹਵਾਵਾਂ ਬਾਰੇ ਓਰੇਂਜ ਅਲਰਟ ਜਾਰੀ।

- IPL ਕ੍ਰਿਕਟ ਵਿੱਚ, ਅੱਜ ਸਨਰਾਈਜ਼ਰਜ਼ ਹੈਦਰਾਬਾਦ ਦਾ ਸਾਹਮਣਾ ਦਿੱਲੀ ਕੈਪੀਟਲਜ਼ ਨਾਲ ਹੋਵੇਗਾ।